No. 2/57/08-2S:3/235
Government of Punjab
Department of Education
(Education Branch-3)

NOTARY PUBLIC
Baljinder Singh Dhaliwal
Advocate
BARNALA (Pb.)
INDIA
Regn. No. 3153
GOVT. OF INDIA

To,

The Principal,
Jai Vatika Public School,
Thikriwal Chowk,
Barnala.

Dated Chandigarh 24/6/2008

Subject: Issuance of No objection Certificate to Jai Vatika Public School Thikriwal Chowk Barnala Securing affiliation with CBSE, New Delhi.

Sir,

Reference your letter regarding above subject:

2. After careful consideration of the documents presented as well as oral depositions made by the management of your school, and the recommendations as made by district education office Barnala as well as director, Department of education Punjab Chandigarh the Government of Punjab issues the requisite No Objection Certificate on the following conditions:

1. It at any time in future, such facts come to light, as a result of any complaint / inspection that at the time of obtaining No Objection Certificate fabricated information was furnished to the Government while making a request for the same by you /or if the instruction as issued by the state Government from time to time do not stand a test of compliance on your side and the written condition are not kept in word & spirit then the annulment can be made at any time.
2. It will be mandatory for your school to teach Punjabi upto Class 10th Level & C.B.S.E will definitely make arrangement to hold examination of Punjab in such School & it is also stated here that non compliance will amount to the immediate annulment of the No. objection Certificate.
3. After securing affiliation with the CBSE the Management of the school will be committed to pay its teaching as well as non-teaching staff, the salaries and other allowance etc. at Party the Government employee. Non compliance will amount to the immediate annulment of the No Objection Certificate.
4. You and your management will ensure that whenever an access to any information is desired by the District Education officer of the District in which your school is being run or any of the senior functionaries of the Education Department then the same will be made available to him together with the needed assistance.

Sd/-
Additional Secretary School
Education.

Endorsement No. 2/57/08-2S:3/

A copy is forwarded to Director, Department of Education Private Aided (s) Punjab, Chandigarh in reference to his memo No. 15/14-2008G-I(2) dated 29.5.2008 with a request that at least one inspection of the above school in five years must be carried out and the inspection report must be sent to the Government so that it may be verified that the concerned school has been strictly complying with the instruction of the state Government or not.

Sd/-
Additional Secretary School
Education.

TRUE TRANSLATION FROM
Punjabi/ ~~Hindi/ Urdu~~ to English
NOTARY PUBLIC

ਨੰ:2/57/08-2ਸਿ3 2235

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਜੈ ਵਾਟਿਕਾ ਪਬਲਿਕ ਸਕੂਲ,
ਠਿਕਰੀਵਾਲਾ ਚੌਕ,ਬਰਨਾਲਾ
ਜ਼ਿਲ੍ਹਾ ਬਰਨਾਲਾ।

ਮਿਤੀ,ਚੰਡੀਗੜ੍ਹ 25-6-2008

ਵਿਸ਼ਾ:- ਜੈ ਵਾਟਿਕਾ ਪਬਲਿਕ ਸਕੂਲ, ਠਿਕਰੀ ਵਾਲਾ ਚੌਕ, ਬਰਨਾਲਾ, ਜ਼ਿਲ੍ਹਾ ਬਰਨਾਲਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---------------

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ ਸਿ) ਬਰਨਾਲਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ ਸਿ) ਪੰਜਾਬ ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2 ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ ਬੀ ਐਸ ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ ਬੀ ਐਸ. ਈ ਨਵੀਂ ਦਿੱਲੀ ਦੀ ਐਫੀਲੀਏਸਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 23-6-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿਠ ਅੰਕਣ ਨੰ:2/57/08-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/14-2008 ਗ੍ਰਾਂਟ 1(2) ਮਿਤੀ 29.5.2008 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਧੀਕ ਸਕੱਤਰ ਸਕੂਲ ਸਿੱਖਿਆ